# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :25-07-2026

ਕੇਂਦਰੀ ਮੰਤਰੀ ਮੰਡਲ ਨੇ ਪੇਪਰ ਲੀਕ ਅਤੇ ਪ੍ਰੀਖਿਆ ਬੇਨੇਮੀਆਂ ਦੇ ਮਾਮਲਿਆਂ ਵਿੱਚ ਫਾਸਟ-ਟਰੈਕ ਅਦਾਲਤਾਂ ਕਾਇਮ ਕਰਨ ਅਤੇ ਸਖ਼ਤ ਸਜ਼ਾ ਦਾ ਪ੍ਰਬੰਧ ਕਰਨ ਲਈ ਇੱਕ ਖਰੜਾ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ ਏ । ਸੰਸਦ ਭਵਨ ਕੰਪਲੈਕਸ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਇਸ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ ਗਈ। ਇਸ ਬਿੱਲ ਨੂੰ ਅਗਲੇ ਹਫ਼ਤੇ ਸੰਸਦ ਵਿੱਚ ਪੇਸ਼ ਕੀਤੇ ਜਾਣ ਦੀ ਸੰਭਾਵਨਾ ਏ । ਸ਼੍ਰੀ ਮੋਦੀ ਨੇ ਵੀਰਵਾਰ ਨੂੰ ਇੱਕ ਵੀਡੀਓ ਸੰਦੇਸ਼ ਵਿੱਚ ਪੇਪਰ ਲੀਕ ਵਿਰੁੱਧ ਸਖ਼ਤ ਕਾਰਵਾਈ ਦੇ ਪ੍ਰਬੰਧਾਂ ਵਾਲਾ ਇੱਕ ਬਿੱਲ ਸੰਸਦ ਵਿੱਚ ਪੇਸ਼ ਕਰਨ ਦਾ ਐਲਾਨ ਕੀਤਾ ਸੀ।

---------------------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੀ ਮਦਦ ਨਾਲ ਇੰਡੋਨੇਸ਼ੀਆ ਦੇ ਜਕਾਰਤਾ ਤੋਂ ਪੰਜਾਬ ਦੇ ਇੱਕ ਭਗੌੜੇ ਗੈਂਗਸਟਰ ਨੂੰ ਭਾਰਤ ਵਾਪਿਸ ਡਿਪੋਰਟ ਕਰਨ ਵਿੱਚ ਸਫਲਤਾ ਹਾਸਲ ਕੀਤੀ ਏ । ਉਹ

ਅੰਤਰਰਾਸ਼ਟਰੀ ਸੰਗਠਿਤ ਅਪਰਾਧ ਵਿੱਚ ਸ਼ਾਮਲ ਸੀ ਅਤੇ ਕਤਲ ਅਤੇ ਹਥਿਆਰਾਂ ਬਾਰੇ ਕਾਨੂੰਨ ਸਮੇਤ ਕਈ ਘਿਨਾਉਣੇ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ। 'ਨੋਮੈਡ ਹੰਟ' ਨਾਂ ਦੀ ਇਸ ਕਾਰਵਾਈ ਦੇ ਵੇਰਵੇ ਸਾਂਝੇ ਕਰਦੇ ਹੋਏ, ਪੁਲਿਸ ਡਾਇਰੈਕਟਰ ਜਨਰਲ, ਗੌਰਵ ਯਾਦਵ ਨੇ ਕਿਹਾ ਕਿ ਰਾਜ ਪੁਲਿਸ ਦੀ ਗੈਂਗਸਟਰ ਵਿਰੋਧੀ ਟਾਸਕ ਫੋਰਸ (AGTF) ਅਤੇ Overseas Fugitive Tracking and Extradition Cell (OFTEC) ਪਿਛਲੇ 6 ਮਹੀਨਿਆਂ ਤੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਏਜੰਸੀਆਂ ਨਾਲ ਨੇੜਿਓਂ ਤਾਲਮੇਲ ਕਰਕੇ ਗੈਂਗਸਟਰ ਜੋਬਨਜੀਤ ਸਿੰਘ ਦਾ ਪਤਾ ਲਾ ਰਹੇ ਸਨ. ਉਨ੍ਹਾਂ ਕਿਹਾ ਕਿ ਮੁਲਜ਼ਮ ਕਈ ਦੇਸ਼ਾਂ ਵਿੱਚ ਕੰਮ ਕਰਕੇ ਗ੍ਰਿਫਤਾਰੀ ਤੋਂ ਬਚ ਰਿਹਾ ਸੀ। ਉਹ ਪੰਜਾਬ

------------------------------------------------------------------------

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਅਤੇ ਚੁਗਿਰਦੇ ਦੀ ਸੰਭਾਲ ਦੇ ਉਦੇਸ਼ ਨਾਲ ਅਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਸ਼ੁਰੂ ਕੀਤੀ ਗਈ ਮਹੱਤਵਪੂਰਨ ਮੁਹਿੰਮ ‘ਮਿਸ਼ਨ ਹਰਿਆਲੀ 2026’ ਦੀ ਸ਼ੁਰੂਆਤ ਕੀਤੀ। ਇਸ ਮੁਹਿੰਮ ਤਹਿਤ ਸੂਬੇ ਭਰ ਵਿੱਚ 9 ਲੱਖ ਬੂਟੇ ਲਾਏ ਜਾਣਗੇ। ਇਹ ਮੁਹਿੰਮ ਕਲ੍ਹ ਸੀਬਾ ਸਕੂਲ, ਲਹਿਰਾਗਾਗਾ ਦੇ ਕੈਂਪਸ ਵਿਖੇ ਕਰਵਾਏ ਗਏ ਵਿਸ਼ੇਸ਼

ਸਮਾਗਮ ਦੌਰਾਨ ਸ਼ੁਰੂ ਕੀਤੀ ਗਈ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਗੋਇਲ ਨੇ ਵਿਦਿਆਰਥੀਆਂ ਨੂੰ ਬੂਟੇ ਵੰਡੇ ਅਤੇ ਉਨ੍ਹਾਂ ਨੂੰ ਵੱਧ ਤੋਂ ਵੱਧ ਬੂਟੇ ਲਾ ਕੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਚੁਗਿਰਦੇ ਦੀ ਸੁਰੱਖਿਆ ਮੌਜੂਦਾ ਸਮੇਂ ਦੀ ਸਭ ਤੋਂ ਵੱਡੀ ਲੋੜ ਏ ਅਤੇ ਹਰ ਨਾਗਰਿਕ ਨੂੰ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਸਿਰਫ਼ ਬੂਟੇ ਲਾਉਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਕੇ ਉਨ੍ਹਾਂ ਨੂੰ ਦਰੱਖ਼ਤ ਬਣਾਉਣਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਏ । ਕੈਬਨਿਟ ਮੰਤਰੀ ਨੇ ਆਪਣਾ ਪੰਜਾਬ ਫਾਊਂਡੇਸ਼ਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬੇ ਭਰ ਵਿੱਚ 9 ਲੱਖ ਬੂਟੇ ਯੋਜਨਾਬੱਧ ਢੰਗ ਨਾਲ ਲਾਉਣ ਅਤੇ ਉਨ੍ਹਾਂ ਦੀ ਸੰਭਾਲ ਦਾ ਰਿਕਾਰਡ ਰੱਖਣ ਦਾ ਇਹ ਉਪਰਾਲਾ ਬੇਹੱਦ ਸ਼ਲਾਘਾਯੋਗ ਏ । ਉਨ੍ਹਾਂ ਨੇ ਸੀਬਾ ਸਕੂਲ ਦੀ ਵੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਹਰ ਵਿਦਿਆਰਥੀ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਾਏ ਅਤੇ ਉਸ ਦੀ ਪੂਰੀ ਦੇਖਭਾਲ ਕਰਕੇ ਉਸ ਨੂੰ ਦਰੱਖ਼ਤ ਬਣਾਏ। ਇਸ ਦੌਰਾਨ ਉਨ੍ਹਾਂ ਨੇ ਬੂਟਿਆਂ ਦੀ ਸਹੀ ਦੇਖਭਾਲ ਅਤੇ ਸੰਭਾਲ ਸਬੰਧੀ ਕਈ ਲਾਭਦਾਇਕ ਨੁਕਤੇ ਵੀ ਸਾਂਝੇ ਕੀਤੇ।

---------------------------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ,ਪਸ਼ੂ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆ ਨੇ ਕਲ੍ਹ ਮੁਕਤਸਰ ਸਾਹਿਬ ਦੇ ਵਿਧਾਨ ਸਭਾ ਹਲਕਾ ਲੰਬੀ ਵਿੱਚ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਨਵੀਆਂ ਭਰਤੀ ਕੀਤੀਆਂ 12 ਆਂਗਣਵਾੜੀ ਵਰਕਰਾਂ ਅਤੇ 31 ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ ਅਤੇ ਵਧਾਈਆਂ ਦਿੱਤੀਆਂ। ਇਸ ਮੌਕੇ ਸ਼੍ਰੀ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾ ਨੂੰ ਰੁਜ਼ਗਾਰ ਦੇ ਵਸੀਲੇ ਪ੍ਰਦਾਨ ਕਰਨ ਲਈ ਜਿਥੇ ਨੌਕਰੀਆਂ ਦਿੱਤੀਆਂ ਜਾ ਰਹੀਆਂ ਨੇ ਉਥੇ ਹੀ ਨੌਜਵਾਨਾਂ ਨੂੰ ਸਵੈ ਰੁਜ਼ਗਾਰ ਤੇ ਆਤਮ ਨਿਰਭਰ ਬਣਾਉਣ ਲਈ ਬੈਂਕਾਂ ਰਾਹੀਂ ਲੋਨ ਦਵਾ ਦਿਵਾਏ ਜਾ ਰਹੇ ਨੇ ਤਾਂ ਜੋ ਨੌਜਵਾਨ ਵਰਗ ਮਸ਼ੀਨਰੀ ਆਦਿ ਖਰੀਦ ਕੇ ਆਪਣਾ ਰੁਜ਼ਗਾਰ ਚਲਾ ਸਕੇ। ਮੰਤਰੀ ਨੇ ਇਹ ਵੀ ਕਿਹ ਕਿ ਸਰਕਾਰ ਵਲੋਂ ਇਹ ਭਰਤੀ ਬਿਨ੍ਹਾ ਕਿਸੇ ਪੱਖਪਾਤ ਅਤੇ ਨਿਰੋਲ ਮੈਰਿਟ ਦੇ ਆਧਾਰ ਤੇ ਕੀਤੀ ਗਈ ਏ ।

---------------------------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਰਾਜ ਸਰਕਾਰ ਨੇ ਮਾਲੀ ਸਾਲ 2026-27 ਦੌਰਾਨ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ 2 ਹਜ਼ਾਰ 769 ਯੋਗ

ਲਾਭਪਾਤਰੀਆਂ ਲਈ ਅਸ਼ੀਰਵਾਦ ਸਕੀਮ ਤਹਿਤ 14.12 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਏ. ਇਹ ਮਾਲੀ ਸਹਾਇਤਾ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਧੀਆਂ ਦੇ ਵਿਆਹ ਦੇ ਖਰਚੇ ਗਰਿਮਾ ਪੂਰਨ ਢੰਗ ਨਾਲ ਪੂਰੇ ਕਰਨ ਵਿੱਚ ਮਦਦ ਕਰੇਗੀ ਅਤੇ ਉਨ੍ਹਾਂ ਦੇ ਮਾਲੀ ਬੋਝ ਨੂੰ ਘਟਾਏਗੀ। ਹੋਰ ਵੇਰਵੇ ਸਾਂਝੇ ਕਰਦਿਆਂ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਘੱਟ ਆਮਦਨ ਵਾਲੇ ਪਰਿਵਾਰਾਂ ਦੀਆਂ ਯੋਗ ਧੀਆਂ ਦੇ ਵਿਆਹ ਲਈ 51 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਪ੍ਰਦਾਨ ਕਰਦੀ ਏ, ਤਾਂ ਜੋ ਆਰਥਿਕ ਤੰਗੀ ਉਨ੍ਹਾਂ ਦੇ ਜੀਵਨ ਦੇ ਇਸ ਅਹਿਮ ਮੋੜ 'ਚ ਰੁਕਾਵਟ ਨਾ ਬਣੇ। ਉਨ੍ਹਾਂ ਦੋਹਰਾਇਆ ਕਿ ਸਰਕਾਰ ਪੱਟੀਦਰਜ ਜਾਤਾਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ, ਪਰਿਵਾਰਾਂ ਨੂੰ ਮਾਣ-ਸਤਿਕਾਰ, ਮਾਲੀ ਸੁਰੱਖਿਆ ਅਤੇ ਬਰਾਬਰ ਦੇ ਮੌਕੇ ਦੇ ਕੇ ਮਜ਼ਬੂਤ ਕਰਨ ਲਈ ਵਚਨਬੱਧ ਏ.

--------------------------------------------------------------------

ਜੰਮੂ-ਕਸ਼ਮੀਰ ਵਿੱਚ, ਸਾਲਾਨਾ ਸ਼੍ਰੀ ਅਮਰਨਾਥ ਜੀ ਯਾਤਰਾ ਖਰਾਬ ਮੌਸਮ ਕਾਰਨ ਛੇ ਦਿਨਾਂ ਤੱਕ ਮੁਅੱਤਲ ਰਹਿਣ ਤੋਂ ਬਾਅਦ ਅੱਜ ਮੁੜ ਸ਼ੁਰੂ ਹੋ ਗਈ । ਕਸ਼ਮੀਰ ਦੇ ਡਿਵੀਜ਼ਨਲ ਕਮਿਸ਼ਨਰ ਅੰਸ਼ੁਲ ਗਰਗ ਨੇ ਆਕਾਸ਼ਵਾਣੀ ਖਬਰਾਂ ਨੂੰ ਦੱਸਿਆ ਕਿ ਯਾਤਰਾ ਬਾਲਟਾਲ ਅਤੇ

ਪਹਿਲਗਾਮ ਦੋਵਾਂ ਰੂਟਾਂ ਤੋਂ ਮੁੜ ਸ਼ੁਰੂ ਕਰ ਦਿੱਤੀ ਗਈ ਏ। ਯਾਤਰੀਆਂ ਨੂੰ ਸੁਰੱਖਿਅਤ ਯਾਤਰਾ ਲਈ ਪ੍ਰਸ਼ਾਸਨ ਵਲੋਂ ਜਾਰੀ ਕੀਤੀਆਂ ਗਈਆਂ ਸਲਾਹਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਕਿਹਾ ਗਿਆ ਏ.

---------------------------------------------------------------------------

ਕ੍ਰਿਕੇਟ ਵਿੱਚ, ਭਾਰਤ ਅਤੇ ਜ਼ਿੰਬਾਬਵੇ ਵਿਚਕਾਰ ਤਿੰਨ TWENTY-TWENTY ਅੰਤਰਰਾਸ਼ਟਰੀ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਹਰਾਰੇ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮੀਂ ਸਾਢੇ 4 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਪਹਿਲੇ TWENTY-TWENTY ਮੈਚ, 7 ਵਿਕਟਾਂ ਨਾਲ ਜਿੱਤ ਹਾਸਿਲ ਕਰਨ ਤੋਂ ਬਾਅਦ, ਲੜੀ ਵਿੱਚ 1-0 ਦੀ ਲੀਡ ਬਣਾ ਲਈ ਏ।